# ਸਟੇਟ ਪ੍ਰੋਜੈਕਟ ਡਾਇਰੈਕਟਰ ਸਰਵ ਸਿੱਖਿਆ ਅਭਿਆਨ ਅਥਾਰਟੀ, ਪੰਜਾਬ।

ਸਿੱਖਿਆ ਭਵਨ (ਪੰਜਾਬ ਸਕੂਲ ਸਿੱਖਿਆ ਬੋਰਡ) ਪੰਜਵੀ ਮੰਜਿਲ, ਬਲਾਕ-ਈ, ਫੇਜ਼-8, ਅਜੀਤਗੜ੍ਹ (ਮੋਹਾਲੀ)
ਫੋਨ ਨੰ: 0172-5212313, 5212359 ਫੈਕਸ ਨ: 0172-5212369, 5212370
ਈ-ਮੇਲ: dgsepunjab@gmail.com Website: ssapujab.org


ਵੱਲ

ਸਮੂਹ ਡਿਪਟੀ ਕਮਿਸ਼ਨਰ,
ਪੰਜਾਬ।

ਮੀਮੋ ਨੰ: ਡੀ.ਜੀ.ਐਸ.ਈ/ਆਰ.ਟੀ.ਈ./2016/1574।
ਮਿਤੀ: 04-11-2016

**ਵਿਸ਼ਾ:- ਅਧਿਆਪਕਾਂ ਤੋਂ ਵੋਟਰ ਸੂਚੀ ਦੀ ਸੁਧਾਈ ਜਾਂ ਬੀ.ਐਲ.ਓ. ਦੀ ਡਿਊਟੀ/ਟ੍ਰੇਨਿੰਗ ਆਦਿ ਸਕੂਲ ਸਮੇਂ ਤੋਂ ਬਾਅਦ ਜਾਂ ਛੁੱਟੀ ਵਾਲੇ ਦਿਨ ਕਰਵਾਉਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਆਪ ਦਾ ਧਿਆਨ ਦਿਵਾਉਂਦੇ ਹੋਏ ਦੱਸਿਆ ਜਾਂਦਾ ਹੈ ਕਿ ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ "ਚੋਣ ਕਮਿਸ਼ਨ ਆਫ ਇੰਡੀਆ ਬਨਾਮ ਸੇਂਟ ਮੈਰੀ ਸਕੂਲ" ਸਿਵਲ ਅਪੀਲ ਨੰਬਰ 5659 ਆਫ 2007 ਕੇਸ ਵਿੱਚ ਹੇਠ ਲਿਖੇ ਅਨੁਸਾਰ ਹੁਕਮ ਜਾਰੀ ਕੀਤੇ ਸਨ:-

"We would, however, notice that the Election Commission before us also categorically stated that as far as possible teachers would be put on electoral roll revision works on holidays, non-teachings days an non-teaching hours: whereas non-teaching staff be put on duty any time. We, therefore, direct that all teaching staff shall be put on the duties of roll revisions and elections works on holidays, and non-teachings days. Teachers should non-ordinarily be put on duty on teachings days and within teaching hours. Non-teaching staff, however, may be put on such duties on any day or at any time, if permissible in law."

ਇਸ ਤੋਂ ਇਲਾਵਾ ਆਪ ਦਾ ਧਿਆਨ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਅਧਿਕਾਰ ਐਕਟ, 2009 ਦੀ ਧਾਰਾ 27 ਦਿਵਾਉਂਦੇ ਹੋਏ ਦੱਸਿਆ ਜਾਂਦਾ ਹੈ ਕਿ ਇਸ ਧਾਰਾ ਅਨੁਸਾਰ:-

"No teacher shall be deployed for any non-educational purposes other than the decennial population census, disaster relief duties or duties relating to elections to the local authority or the State Legisiatures or Parliament, as the case may be."

ਇਸ ਸਬੰਧੀ ਦੱਸਿਆ ਜਾਂਦਾ ਹੈ ਕਿ ਸਮੇਂ-ਸਮੇਂ ਤੇ ਅਧਿਆਪਕਾਂ ਤੋਂ ਗੈਰ ਵਿਦਿਅਕ ਕੰਮ ਨਾ ਲੈਣ ਸਬੰਧੀ ਹਦਾਇਤਾਂ ਜਾਰੀ ਹੁੰਦੀਆਂ ਰਹੀਆਂ ਹਨ। ਇਸ ਲਈ ਉਕਤ ਤੱਥਾਂ ਦੀ ਰੌਸ਼ਨੀ ਵਿੱਚ ਮੁੜ ਲਿਖਿਆ ਜਾਂਦਾ ਹੈ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਦੀ ਪੜ੍ਹਾਈ ਨੂੰ ਮੱਦੇਨਜ਼ਰ ਰੱਖਦੇ ਹੋਏ ਇਹ ਯਕੀਨੀ ਬਣਾਇਆ ਜਾਵੇ ਕਿ ਅਧਿਆਪਕਾਂ ਤੋਂ ਵੋਟਰ ਸੂਚੀ ਦੀ ਸੁਧਾਈ ਜਾਂ ਬਤੌਰ ਬੀ.ਐਲ.ਓ. ਦਾ ਕੰਮ ਛੁੱਟੀ ਵਾਲੇ ਦਿਨ ਜਾਂ ਸਕੂਲ ਸਮੇਂ ਤੋਂ ਬਾਅਦ ਕਰਵਾਇਆ ਜਾਵੇ ਤਾਂ ਜੋ ਬੱਚਿਆਂ ਦੇ ਲਾਜ਼ਮੀ ਅਤੇ ਮੁਫ਼ਤ ਸਿੱਖਿਆ ਦੇ ਅਧਿਕਾਰ ਐਕਟ, 2009 ਅਤੇ ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਦੀ ਉਲੰਘਣਾ ਨਾ ਹੋ ਸਕੇ। ਇਸ ਸਬੰਧੀ ਸਮੂਹ ਐਸ.ਡੀ.ਐਮਜ਼. ਅਤੇ ਹੋਰ ਸਬੰਧਤ ਅਧਿਕਾਰੀਆਂ ਨੂੰ ਵੀ ਲੋੜੀਂਦੀਆਂ ਹਦਾਇਤਾਂ ਜਾਰੀ ਕਰਨ ਦੀ ਖੇਚਲ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ,
ਪੰਜਾਬ।

ਪਿੱਠ ਅੰਕਣ ਨੰ: ਡੀ.ਜੀ.ਐਸ.ਈ/ਆਰ.ਟੀ.ਈ./2016/ ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਵੱਲ ਭੇਜਿਆ ਜਾਂਦਾ ਹੈ :-

1. ਸਮੂਹ ਮੰਡਲ ਸਿੱਖਿਆ ਅਫ਼ਸਰ, ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ./ਸੈ.ਸਿ.) ਨੂੰ ਇਸ ਹਦਾਇਤ ਨਾਲ ਕਿ ਕਿਸੇ ਵੀ ਅਧਿਆਪਕ ਨੂੰ ਸਕੂਲ ਸਮੇਂ ਦੌਰਾਨ ਕਿਸੇ ਵੋਟਰ ਸੁਧਾਈ ਸੂਚੀ ਡਿਊਟੀ ਜਾਂ ਬੀ.ਐਲ.ਓ. ਡਿਊਟੀ ਲਈ ਰਲੀਵ ਨਾ ਕੀਤਾ ਜਾਵੇ।
2. ਸ੍ਰੀ ਐਚ.ਸੀ. ਅਰੋੜਾ, ਐਡਵੋਕੇਟ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ।

-ਸਹੀ-

# ਦਫ਼ਤਰ ਜਿਲ੍ਹਾ ਸਿੱਖਿਆ ਅਫ਼ਸਰ (ਸੈ:ਸਿ:), ਅੰਮ੍ਰਿਤਸਰ

**ਈ-ਮੇਲ:- deoseamritsar@gmail.com ਫੋਨ ਅਤੇ ਫੈਕਸ ਨੰਬਰ: 0183-2225896**

**Website:- deoseasr.org**

ਪੱਤਰ ਨੰ: ਜੀ-3/2016/ 5604 ਮਿਤੀ:- 19/12/16

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ ਭੇਜ ਕੇ ਹਦਾਇਤ ਕੀਤੀ ਜਾਂਦੀ ਹੈ ਕਿ ਉਪਰੋਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕਰਨਾਂ ਯਕੀਨੀ ਬਣਾਇਆ ਜਾਵੇ।

19.12.16

ਜਿਲ੍ਹਾ ਸਿੱਖਿਆ ਅਫ਼ਸਰ (ਸੈ:ਸਿ:)
ਅੰਮ੍ਰਿਤਸਰ